**ਜ.ਸ./ਹ.ਸ.ਟ/3.9.2021/10.00**

## PUNJAB VIDHAN SABHA

*Friday, the 3rd September, 2021*

*The Vidhan Sabha met in the Punjab Vidhan Sabha Hall, Vidhan Bhavan, Sector-1, Chandigarh at 10.00 A.M. for Special Session of the 15th Punjab Vidhan Sabha for commemoration of the historic 400th Parkash Purb celebrations of 9th Sikh Guru, Sri Guru Teg Bahadur Sahib ji. Mr. Speaker (Rana Kanwar Pal Singh) in the Chair.*

------

## OBITUARY REFERENCES

**ਮਾਨਯੋਗ ਸਪੀਕਰ :** ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ। ਵਿਛੜੀਆਂ ਰੂਹਾਂ ਦੀ ਯਾਦ ਜਿਊਂਦੇ ਲੋਕਾਂ ਦੀ ਸੋਚ ਵਿੱਚ ਦਰਜ ਰਹਿੰਦੀ ਹੈ। ਜੇ ਅਸੀਂ ਜੀਵਨ ਚੰਗਿਆਈ ਨਾਲ ਬਿਤਾਇਆ ਹੋਵੇ ਤਾਂ ਮਰਨ ਤੋਂ ਬਾਅਦ ਵੀ ਅਸੀਂ ਲੋਕਾਂ ਦੀਆਂ ਯਾਦਾਂ ਵਿਚ ਜਿਊਂਦੇ ਰਹਿੰਦੇ ਹਾਂ।

ਕੁਝ ਅਜਿਹੀਆਂ ਹੀ ਸ਼ਖਸੀਅਤਾਂ, ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ, ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹੋਏ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਂਟ ਕਰੀਏ।

ਸ਼੍ਰੀ ਆਰ.ਐਲ.ਭਾਟੀਆ, ਸਾਬਕਾ ਕੇਂਦਰੀ ਰਾਜ ਮੰਤਰੀ ਸਾਨੂੰ ਮਿਤੀ 14 ਮਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ, ਉਨ੍ਹਾਂ ਦਾ ਜਨਮ ਮਿਤੀ 3 ਜੁਲਾਈ, 1921 ਨੂੰ ਅੰਮ੍ਰਿਤਸਰ ਵਿਖੇ ਹੋਇਆ। ਉਹ ਭਾਰਤ ਦੇ ਬਦੇਸ਼ ਰਾਜ ਮੰਤਰੀ ਰਹੇ, ਉਹ ਅੰਮ੍ਰਿਤਸਰ ਲੋਕ ਹਲਕੇ ਤੋਂ 6 ਵਾਰ ਭਾਰਤੀ ਸੰਸਦ ਦੇ ਮੈਂਬਰ ਚੁਣੇ ਗਏ। ਇਸ ਤੋਂ ਇਲਾਵਾ ਉਹ ਕੇਰਲਾ ਅਤੇ ਬਿਹਾਰ ਰਾਜਾਂ ਦੇ ਰਾਜਪਾਲ ਵੀ ਰਹੇ। ਉਹ ਸੰਸਦ ਦੀ ਪਟੀਸ਼ਨ ਕਮੇਟੀ ਦੀ ਚੇਅਰਮੈਨ ਅਤੇ ਵਿਸ਼ੇਸ਼ ਅਧਿਕਾਰ ਕਮੇਟੀ ਦੇ ਮੈਂਬਰ ਵੀ ਰਹੇ । ਉਹ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵੀ ਰਹੇ ਅਤੇ ਉਨ੍ਹਾਂ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਵਜੋਂ ਵੀ ਸੇਵਾ ਨਿਭਾਈ।

ਸਰਦਾਰ ਗੁਰਨਾਮ ਸਿੰਘ ਅਬੁਲ ਖੁਰਾਣਾ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 23 ਮਾਰਚ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 2 ਅਪ੍ਰੈਲ, 1931 ਨੂੰ ਅਬੁਲ ਖੁਰਾਣਾ, ਜ਼ਿਲ੍ਹਾ ਫਿਰੋਜ਼ਪੁਰ ਵਿੱਚ ਹੋਇਆ। ਉਹ ਸਾਲ 1992 ਵਿੱਚ ਵਿਧਾਨ ਸਭਾ ਹਲਕਾ ਲੰਬੀ ਤੋਂ ਵਿਧਾਇਕ ਚੁਣੇ ਗਏ ਅਤੇ ਪੰਜਾਬ ਸਰਕਾਰ ਵਿੱਚ ਸਿੰਚਾਈ ਅਤੇ ਮਾਲ ਵਿਭਾਗ ਦੇ ਮੰਤਰੀ ਰਹੇ । ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀ ਲਾਇਬ੍ਰੇਰੀ ਕਮੇਟੀ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਈ ।

ਸਰਦਾਰ ਗੁਲਜ਼ਾਰ ਸਿੰਘ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 24 ਜੂਨ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 1 ਜੂਨ, 1941 ਨੂੰ ਭੁੱਚੋ ਮੰਡੀ, ਜ਼ਿਲ੍ਹਾ ਬਠਿੰਡਾ ਵਿਖੇ ਹੋਇਆ। ਉਹ ਸਾਲ 1980 ਵਿਚ ਵਿਧਾਨ ਸਭਾ ਹਲਕਾ ਨਥਾਣਾ ਤੋਂ ਵਿਧਾਇਕ ਚੁਣੇ ਗਏ। ਉਹ ਸਾਲ 1980 ਤੋਂ 1985 ਤੱਕ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਵੀ ਰਹੇ ਅਤੇ ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਵਜੋਂ ਵੀ ਸੇਵਾ ਨਿਭਾਈ।

ਸ਼੍ਰੀਮਤੀ ਸੁਰਜੀਤ ਕੌਰ ਕਾਲਕਟ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 30 ਮਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 1 ਅਗਸਤ, 1930 ਨੂੰ ਮੂਸਾਪੁਰ ਵਿਖੇ ਹੋਇਆ। ਉਹ ਸਾਲ 1980 ਤੇ 1992 ਵਿੱਚ ਵਿਧਾਨ ਸਭਾ ਹਲਕਾ ਟਾਂਡਾ ਤੋਂ ਵਿਧਾਇਕ ਚੁਣੇ ਗਏ। ਉਨ੍ਹਾਂ ਨੇ ਤਕਨੀਕੀ ਸਿੱਖਿਆ ਵਿਭਾਗ ਦੇ ਮੰਤਰੀ ਵਜੋਂ ਵੀ ਸੇਵਾ ਨਿਭਾਈ। ਉਹ ਸਾਲ 1982 ਤੋਂ 1985 ਤੱਕ ਪੰਜਾਬ ਇਸਤਰੀ ਅਤੇ ਬਾਲ ਵਿਕਾਸ ਕਾਰਪੋਰੇਸ਼ਨ ਦੇ ਚੇਅਰਪਰਸਨ ਵੀ ਰਹੇ।

ਚੌਧਰੀ ਰਾਧਾ ਕ੍ਰਿਸ਼ਨ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 27 ਜੁਲਾਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ । ਉਨ੍ਹਾਂ ਦਾ ਜਨਮ ਮਿਤੀ 1 ਜਨਵਰੀ, 1930 ਨੂੰ ਸੀਤੋਗੁਨੋ, ਜ਼ਿਲ੍ਹਾ ਫਾਜ਼ਿਲਕਾ ਵਿਖੇ ਹੋਇਆ। ਉਹ ਸਾਲ 1957, 1967, 1969 ਅਤੇ 1984 ਵਿੱਚ ਵਿਧਾਇਕ ਚੁਣੇ ਗਏ। ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਮੰਤਰੀ ਵਜੋਂ ਸੇਵਾ ਨਿਭਾਈ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਵੀ ਰਹੇ।

ਸਰਦਾਰ ਇੰਦਰਜੀਤ ਸਿੰਘ ਜ਼ੀਰਾ, ਸਾਬਕਾ ਰਾਜ ਮੰਤਰੀ ਵੀ ਸਾਨੂੰ ਮਿਤੀ 12 ਮਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਹ ਇਸ ਅਜ਼ੀਮ ਸਦਨ ਦੇ ਮੌਜੂਦਾ ਮੈਂਬਰ, ਸਰਦਾਰ ਕੁਲਬੀਰ ਸਿੰਘ ਜੀਰਾ ਦੇ ਸਤਿਕਾਰਯੋਗ ਪਿਤਾ ਸਨ। ਉਨ੍ਹਾਂ ਦਾ ਜਨਮ ਮਿਤੀ 15 ਅਪ੍ਰੈਲ, 1958 ਨੂੰ ਪਿੰਡ ਬਹਿਕ ਗੁੱਜਰਾਂ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਹੋਇਆ । ਉਹ ਸਾਲ 1992 ਅਤੇ 1997 ਵਿੱਚ ਵਿਧਾਇਕ ਚੁਣੇ ਗਏ ਅਤੇ ਸਿਹਤ ਅਤੇ

ਪਰਿਵਾਰ ਭਲਾਈ ਵਿਭਾਗ ਦੇ ਰਾਜ ਮੰਤਰੀ ਰਹੇ। ਇਸ ਤੋਂ ਇਲਾਵਾ ਉਹ ਜ਼ਿਲ੍ਹਾ ਯੂਥ ਅਕਾਲੀ ਦਲ ਦੇ ਪ੍ਰਧਾਨ ਵੀ ਰਹੇ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀਆਂ ਵੱਖ ਵੱਖ ਕਮੇਟੀਆਂ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ।

**ਬ.ਕ./ਹ.ਸ.ਟ/3.9.21/10.05**

ਸ਼੍ਰੀ ਜਗਦੀਸ਼ ਸਾਹਨੀ, ਸਾਬਕਾ ਮੁੱਖ ਸੰਸਦੀ ਸਕੱਤਰ ਵੀ ਸਾਨੂੰ ਮਿਤੀ 2 ਮਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 1 ਜੁਲਾਈ, 1944 ਨੂੰ ਰਾਵਲਪਿੰਡੀ, ਪਾਕਿਸਤਾਨ ਵਿਖੇ ਹੋਇਆ। ਉਹ ਸਾਲ 1992, 1997 ਅਤੇ 2007 ਵਿੱਚ ਵਿਧਾਨ ਸਭਾ ਹਲਕਾ, ਬਟਾਲਾ ਤੋਂ ਵਿਧਾਇਕ ਚੁਣੇ ਗਏ ਅਤੇ ਪੰਜਾਬ ਸਰਕਾਰ ਵਿੱਚ ਉਨ੍ਹਾਂ ਨੇ ਆਬਕਾਰੀ ਅਤੇ ਕਰ ਵਿਭਾਗ ਦੇ ਮੁੱਖ ਸੰਸਦੀ ਸਕੱਤਰ ਵਜੋਂ ਸੇਵਾ ਨਿਭਾਈ। ਉਹ ਪੰਜਾਬ ਵਿਧਾਨ ਸਭਾ ਦੀਆਂ ਵੱਖ ਵੱਖ ਕਮੇਟੀਆਂ ਦੇ ਮੈਂਬਰ ਵੀ ਰਹੇ।

ਸਰਦਾਰ ਸੁਖਦਰਸ਼ਨ ਸਿੰਘ ਮਰਾੜ, ਸਾਬਕਾ ਐਮ.ਐਲ.ਏ ਵੀ ਸਾਨੂੰ ਮਿਤੀ 13 ਮਾਰਚ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 15 ਜੂਨ, 1942 ਨੂੰ ਪਿੰਡ ਮੰਡੇਰ, ਜ਼ਿਲ੍ਹਾ ਮੋਗਾ ਵਿਖੇ ਹੋਇਆ। ਉਨ੍ਹਾਂ ਨੇ ਆਪਣਾ ਸਿਆਸੀ ਸਫਰ ਪਿੰਡ ਦੀ ਸਰਪੰਚੀ ਤੋਂ ਸ਼ੁਰੂ ਕੀਤਾ ਅਤੇ ਲਗਾਤਾਰ 25 ਸਾਲ ਪਿੰਡ ਦੇ ਸਰਪੰਚ ਰਹੇ। ਉਹ ਲੈਂਡ ਮਾਰਟਗੇਜ ਬੈਂਕ, ਸ੍ਰੀ ਮੁਕਤਸਰ ਸਾਹਿਬ ਅਤੇ ਮਾਰਕੀਟ ਕਮੇਟੀ, ਬਰੀਵਾਲਾ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਵੀ ਰਹੇ। ਉਹ ਪੰਜਾਬ ਸਟੇਟ ਐਗਰੀਕਲਚਰ ਕੋਆਪਰੇਟਿਵ ਡਿਵੈਲਪਮੈਂਟ ਬੈਂਕ ਦੇ ਕਰੀਬ 9 ਸਾਲ ਚੇਅਰਮੈਨ ਵੀ ਰਹੇ। ਉਹ ਸਾਲ 2002 ਵਿੱਚ ਵਿਧਾਨ ਸਭਾ ਹਲਕਾ, ਸ੍ਰੀ ਮੁਕਤਸਰ ਸਾਹਿਬ ਤੋਂ ਵਿਧਾਇਕ ਚੁਣੇ ਗਏ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀ ਲਾਇਬ੍ਰੇਰੀ ਕਮੇਟੀ ਦੇ ਮੈਂਬਰ ਵਜੋਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ।

ਸਰਦਾਰ ਜਗਰਾਜ ਸਿੰਘ ਗਿੱਲ, ਸਾਬਕਾ ਐਮ.ਐਲ.ਏ ਵੀ ਸਾਨੂੰ ਮਿਤੀ 21 ਅਪ੍ਰੈਲ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ 10 ਨਵੰਬਰ, 1925 ਨੂੰ ਹੋਇਆ। ਉਹ ਸਾਲ 1957 ਵਿੱਚ ਵਿਧਾਨ ਸਭਾ ਹਲਕਾ ਮੋਗਾ ਤੋਂ ਵਿਧਾਇਕ ਚੁਣੇ ਗਏ। ਉਨ੍ਹਾਂ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵਜੋਂ ਵੀ ਸੇਵਾ ਨਿਭਾਈ।

ਸ਼ਹੀਦ ਪ੍ਰਭਜੀਤ ਸਿੰਘ, ਸਿਪਾਹੀ ਵੀ ਸਾਨੂੰ ਮਿਤੀ 25 ਅਪ੍ਰੈਲ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ ਜੋ ਸਿਆਚਿਨ ਗਲੇਸ਼ੀਅਰ ਵਿੱਚ ਵਾਪਰੇ ਹਾਦਸੇ ਵਿੱਚ ਸ਼ਹੀਦ ਹੋ ਗਏ। ਉਨ੍ਹਾਂ ਦਾ ਜਨਮ ਮਿਤੀ 7 ਫਰਵਰੀ, 1999 ਨੂੰ ਪਿੰਡ ਹਾਕਮਵਾਲਾ, ਜ਼ਿਲ੍ਹਾ ਮਾਨਸਾ ਵਿਖੇ ਹੋਇਆ।

ਇਨ੍ਹਾਂ ਤੋਂ ਇਲਾਵਾ ਸ਼੍ਰੀ ਕਾਲਾ ਸਿੰਘ, ਸ਼੍ਰੀ ਗੁਰਦੇਵ ਸਿੰਘ, ਸ਼੍ਰੀ ਰਣਜੀਤ ਸਿੰਘ, ਸ਼੍ਰੀ ਸੁਲੱਖਣ ਸਿੰਘ ਸਾਰੇ ਸੁਤੰਤਰਤਾ ਸੰਗਰਾਮੀ ਵੀ ਸਾਨੂੰ ਸਭਨਾਂ ਨੂੰ ਪਿਛਲੇ ਦਿਨਾਂ ਵਿੱਚ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ ਆਪਣਾ ਵਡਮੁੱਲਾ ਯੋਗਦਾਨ ਪਾਇਆ। ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਸਰਦਾਰ ਮਿਲਖਾ ਸਿੰਘ, ਉੱਘੇ ਐਥਲੀਟ ਵੀ ਸਾਨੂੰ ਮਿਤੀ 18 ਜੂਨ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 20 ਨਵੰਬਰ, 1929 ਨੂੰ ਪਿੰਡ ਗੋਬਿੰਦਪੁਰਾ, ਪਾਕਿਸਤਾਨ ਵਿਖੇ ਹੋਇਆ। ਉਹ ਰਾਸ਼ਟਰਮੰਡਲ ਖੇਡਾਂ ਅਤੇ ਏਸ਼ੀਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਣ ਵਾਲੇ ਪਹਿਲੇ ਭਾਰਤੀ ਐਥਲੀਟ ਸਨ। ਉਨ੍ਹਾਂ ਨੇ ਸਾਲ 1956, 1960 ਅਤੇ 1964 ਦੀਆਂ ਉਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਨੂੰ ਸਾਲ 1960 ਵਿੱਚ ਲਾਹੌਰ ਵਿਖੇ ਪਾਕਿਸਤਾਨ ਦੇ ਰਾਸ਼ਟਰਪਤੀ ਵਲੋਂ *ਫਲਾਇੰਗ ਸਿੱਖ* ਦਾ ਖਿਤਾਬ ਦਿੱਤਾ ਗਿਆ। ਉਨ੍ਹਾਂ ਨੂੰ ਸਾਲ 1958-59 ਵਿੱਚ ਪਦਮਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਸਾਲ 2019 ਵਿੱਚ ਪੰਜਾਬ ਸਰਕਾਰ ਵਲੋਂ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਨਵਾਜਿਆ ਗਿਆ। ਉਨ੍ਹਾਂ ਨੇ ਪੰਜਾਬ ਦੇ ਯੁਵਕ ਸੇਵਾਵਾਂ ਵਿਭਾਗ ਦੇ ਵਧੀਕ ਡਾਇਰੈਕਟਰ ਵਜੋਂ ਵੀ ਸੇਵਾ ਨਿਭਾਈ।

ਸਰਦਾਰਨੀ ਮਾਨ ਕੌਰ, ਐਥਲੀਟ ਵੀ ਸਾਨੂੰ ਮਿਤੀ 31 ਜੁਲਾਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 1 ਮਾਰਚ, 1916 ਨੂੰ ਪਟਿਆਲਾ ਵਿਖੇ ਹੋਇਆ। ਉਨ੍ਹਾਂ ਨੇ ਵੱਖ ਵੱਖ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਭਾਰਤ ਦੀ ਪ੍ਰਤੀਨਿਧਤਾ ਕੀਤੀ ਅਤੇ ਮੌਜੂਦਾ ਵਿਸ਼ਵ ਰਿਕਾਰਡਾਂ ਨੂੰ ਤੋੜ ਕੇ ਸੋਨ ਤਗਮੇ ਜਿੱਤੇ। ਉਨ੍ਹਾਂ ਨੂੰ ਸਾਲ 2011 ਦੀ ਐਥਲੀਟ ਘੋਸ਼ਿਤ ਕੀਤਾ ਗਿਆ।

ਸ਼੍ਰੀ ਵਾਈ.ਐਸ. ਰੱਤੜਾ, ਆਈ.ਏ.ਐਸ (ਰਿਟਾ.) ਵੀ ਸਾਨੂੰ 27 ਅਪ੍ਰੈਲ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 12 ਜਨਵਰੀ, 1943 ਨੂੰ ਹੋਇਆ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਵਜੋਂ ਸੇਵਾ ਨਿਭਾਈ। ਇਸ ਤੋਂ ਇਲਾਵਾ ਪੰਜਾਬ ਰਾਜ ਬਿਜਲੀ ਬੋਰਡ ਦੇ ਚੇਅਰਮੈਨ ਅਤੇ ਪਨਗ੍ਰੇਨ ਦੇ ਚੇਅਰਮੈਨ ਵੀ ਰਹੇ।

ਮੁਹੰਮਦ ਇਜ਼ਹਾਰ ਆਲਮ, ਆਈ.ਪੀ.ਐਸ. (ਰਿਟਾ.) ਵੀ ਸਾਨੂੰ 6 ਜੁਲਾਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 4 ਅਗਸਤ, 1948 ਨੂੰ ਸੀਤਾਮੜੀ, ਬਿਹਾਰ ਵਿਖੇ ਹੋਇਆ।

ਉਨ੍ਹਾਂ ਨੇ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਵਜੋਂ ਸੇਵਾ ਨਿਭਾਈ। ਉਨ੍ਹਾਂ ਨੂੰ ਸਾਲ 1987 ਵਿੱਚ ਪਦਮਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।

**ਕ.ਕ–ਬ.ਸ / 10.10 / 3/9/2021**

ਪੇਂਡੂ ਅਤੇ ਉਦਯੋਗਿਕ ਵਿਕਾਸ ਖੋਜ ਕੇਂਦਰ, ਚੰਡੀਗੜ੍ਹ ਦੇ ਸੰਸਥਾਪਕ ਸ਼੍ਰੀ ਰਸ਼ਪਾਲ ਮਲਹੋਤਰਾ ਵੀ ਸਾਨੂੰ ਮਿਤੀ 4 ਮਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਨਵੰਬਰ, 1936 ਨੂੰ ਕਸੂਰ, ਪਾਕਿਸਤਾਨ ਵਿਖੇ ਹੋਇਆ। ਉਹ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਦੇ ਬੋਰਡ ਆਫ ਗਵਰਨਰ ਦੇ ਮੈਂਬਰ ਵੀ ਰਹੇ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਅਤੇ ਪੰਜਾਬੀ ਯੂਨੀਵਰਸਿਟੀ ਦੇ ਸੈਨੇਟ ਦੇ ਮੈਂਬਰਾਂ ਵਜੋਂ ਵੀ ਸੇਵਾਵਾਂ ਨਿਭਾਈਆਂ।

ਸ਼੍ਰੀਮਤੀ ਮਹਿੰਦਰ ਕੌਰ, ਜਿਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਕੈਬਨਿਟ ਮੰਤਰੀ ਦਾ ਦਰਜਾ ਦਿੱਤਾ ਗਿਆ ਸੀ, ਵੀ ਸਾਨੂੰ ਮਿਤੀ 29 ਜੁਲਾਈ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 12 ਅਗਸਤ, 1934 ਨੂੰ ਲਾਇਲਪੁਰ ਵਿਖੇ ਹੋਇਆ। ਉਨ੍ਹਾਂ ਨੇ ਪੰਜਾਬੀ ਸੂਬਾ ਮੋਰਚੇ ਦੌਰਾਨ ਜ਼ੇਲ੍ਹ ਵੀ ਕੱਟੀ।

ਸ਼੍ਰੀ ਕੁਲਦੀਪ ਸਿੰਘ ਧੋਸ, ਸਾਬਕਾ ਐਸ.ਜੀ.ਪੀ.ਸੀ. ਮੈਂਬਰ ਵੀ ਸਾਨੂੰ ਮਿਤੀ 11 ਅਪ੍ਰੈਲ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਸਤੰਬਰ, 1941 ਨੂੰ ਪਿੰਡ ਕੈਲਾ, ਜ਼ਿਲ੍ਹਾ ਮੋਗਾ ਵਿਖੇ ਹੋਇਆ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਹੇ, ਜੋ ਕਾਂਗਰਸ ਪਾਰਟੀ ਦੇ ਸਪੈਸ਼ਲ ਇਨਵਾਇਟੀ ਵੀ ਸਨ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵੱਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖ਼ਸ਼ੀਅਤਾਂ ਦੇ ਪਦ-ਚਿੰਨਾਂ ਤੇ ਚਲਦੇ ਹੋਏ ਲੋਕਾਂ ਦੇ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸਰਧਾਂਜ਼ਲੀ ਹੋਵੇਗੀ।

**ਖੇਡਾਂ ਤੇ ਯੁਵਕ ਮਾਮਲੇ ਮੰਤਰੀ (ਰਾਣਾ ਗੁਰਮੀਤ ਸਿੰਘ ਸੋਢੀ):** ਸਪੀਕਰ ਸਾਹਿਬ, ਜੋ ਵੀ ਸਾਡੀਆਂ ਵਿਛੜੀਆਂ ਰੂਹਾਂ ਹਨ, ਤੁਸੀਂ ਉਨ੍ਹਾਂ ਨੂੰ ਸਰਧਾਂਜ਼ਲੀ ਦਿੰਦੇ ਹੋਏ ਉਨ੍ਹਾਂ ਦੀ ਜੀਵਨੀ ਬਾਰੇ ਦੱਸਿਆ ਹੈ ਪਰ ਮੈਂ ਹਾਊਸ ਅੱਗੇ ਤੇ ਤੁਹਾਡੇ ਅੱਗੇ ਦਰਖਾਸਤ ਕਰਾਂਗਾ ਕਿ ਦੋ ਐਮੀਨੈਂਟ ਸਪੋਰਟਸ ਪਰਸਨੈਲਿਟੀਜ ਨੂੰ ਵੀ ਇਸ ਸਰਧਾਂਜ਼ਲੀ ਸੂਚੀ ਵਿੱਚ ਇਨਕਲੂਡ ਕੀਤਾ ਜਾਵੇ। ਇਨ੍ਹਾਂ ਵਿੱਚੋਂ ਇੱਕ ਸਾਡੇ ਕ੍ਰਿਕਟ ਪਲੇਅਰ ਸ਼੍ਰੀ ਯਸਪਾਲ ਸ਼ਰਮਾ ਜੀ ਸਨ ਜਿਹੜੇ ਕਿ ਸਾਲ 1988 ਵਿੱਚ ਵਰਲਡ ਕੱਪ ਜਿੱਤਣ ਵਾਲੀ ਟੀਮ ਵਿੱਚ ਬੜੇ ਮੰਨੇ ਤੇ ਉੱਘੇ ਪਲੇਅਰ ਸੀ। ਉਹ ਲੁਧਿਆਣੇ ਤੋਂ ਬਿਲੌਂਗ ਕਰਦੇ ਸੀ। ਇਨ੍ਹਾਂ ਦੇ ਨਾਲ ਹੀ ਸ਼੍ਰੀਮਤੀ ਨਿਰਮਲ ਮਿਲਖਾ ਸਿੰਘ

ਜੀ, ਜਿਹੜੇ ਖੁਦ ਇੱਕ ਪਲੇਅਰ ਸੀ ਔਰ ਸਾਡੇ ਮਰਹੂਮ ਮਿਲਖਾ ਸਿੰਘ, ਫਲਾਇੰਗ ਸਿੱਖ ਜੀ ਦੇ ਧਰਮ ਪਤਨੀ ਵੀ ਸਨ। ਉਨ੍ਹਾਂ ਨੇ ਵਾਲੀਬਾਲ ਦੇ ਨੈਸ਼ਨਲ ਅਤੇ ਇੰਟਰ ਨੈਸ਼ਨਲ ਮੈਚਾਂ ਵਿੱਚ ਬੜੀਆਂ ਮੱਲਾਂ ਮਾਰੀਆਂ । ਉਹ ਡਾਇਰੈਕਟਰ, ਸਪੋਰਟਸ, ਚੰਡੀਗੜ੍ਹ ਵੀ ਰਹੇ। ਮੈਂ ਬੇਨਤੀ ਕਰਦਾ ਹਾਂ ਕਿ ਇਹ ਦੋ ਸ਼ਖ਼ਸ਼ੀਅਤਾਂ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਇਨ੍ਹਾਂ ਦੇ ਨਾਵਾਂ ਨੂੰ ਲਿਸਟ ਵਿੱਚ ਐਡ ਕਰ ਲਿਆ ਜਾਵੇ।

**ਮਾਨਯੋਗ ਸਪੀਕਰ:** ਐਡ ਕਰ ਲੈਂਦੇ ਹਾਂ ਜੀ।

**ਸਰਦਾਰ ਰਣਦੀਪ ਸਿੰਘ:** ਸਪੀਕਰ ਸਾਹਿਬ, ਮੈਂ ਤੁਹਾਡੇ ਮਾਧਿਅਮ ਦੇ ਜ਼ਰੀਏ ਬੇਨਤੀ ਕਰਦਾ ਹਾਂ ਕਿ ਇੱਕ ਨਾਇਕ ਸਰਦਾਰ ਗੁਰਜੰਟ ਸਿੰਘ ਜੀ, ਮੇਰੇ ਹਲਕੇ ਦੇ ਨਾਲ ਮੁਤਲਕ ਰੱਖਦੇ ਸੀ, ਜਿਹੜੇ ਪਿਛਲੇ ਦਿਨੀਂ ਚੀਨ ਬਾਰਡਰ ਤੇ ਸ਼ਹੀਦ ਹੋਏ ਹਨ, ਉਨ੍ਹਾਂ ਦੀ ਆਯੂ ਲਗਭੱਗ 34 ਸਾਲ ਦੀ ਸੀ। ਉਹ ਪਿੰਡ ਰਾਇਪੁਰ ਰਾਈਆਂ, ਅਮਲੋਹ ਦੇ ਜੰਮਪਲ ਸਨ। ਮੈਂ ਚਾਹਾਂਗਾ ਕਿ ਸ਼ਹੀਦ ਹੋਣ ਦੇ ਨਾਤੇ ਉਨ੍ਹਾਂ ਦਾ ਨਾਮ ਵੀ ਐਡ ਕਰ ਲਿਆ ਜਾਵੇ।

**ਮਾਨਯੋਗ ਸਪੀਕਰ:** ਉਹ ਸ਼ਹੀਦ ਹਨ ਜੀ, ਉਨ੍ਹਾਂ ਦਾ ਨਾਮ ਜ਼ਰੂਰ ਐਡ ਕਰਾਂਗੇ।

**ਸਰਦਾਰ ਰਣਦੀਪ ਸਿੰਘ :** ਸਪੀਕਰ ਸਾਹਿਬ, ਇੱਕ ਬੇਨਤੀ ਹੋਰ ਹੈ ਜੀ। ਇੱਕ ਉਨ੍ਹਾਂ ਕਿਸਾਨਾਂ ਨੂੰ ਵੀ ਸਰਧਾਂਜ਼ਲੀ ਦਿੱਤੀ ਜਾਵੇ, ਜਿਨ੍ਹਾਂ ਨੇ ਦਿੱਲੀ ਦੇ ਅੰਦੋਲਨ ਦੌਰਾਨ ਸ਼ਹਾਦਤ ਦਿੱਤੀ ਹੈ, ਉਨ੍ਹਾਂ ਦੇ ਨਾਮ ਵੀ ਨਾਲ ਜੋੜੇ ਜਾਣ।

**ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ:** ਸਪੀਕਰ ਸਾਹਿਬ, ਮੈਂ ਮੈਂਬਰ ਸਾਹਿਬ ਦੀ ਗੱਲ ਨਾਲ ਸਹਿਮਤ ਹਾਂ ਕਿ ਜਿਨ੍ਹਾਂ ਕਿਸਾਨਾਂ ਨੇ ਦਿੱਲੀ ਸੰਘਰਸ਼ ਦੇ ਵਿੱਚ ਸ਼ਹਾਦਤ ਦਿੱਤੀ ਹੈ, ਉਨ੍ਹਾਂ ਦੇ ਨਾਮ ਐਡ ਕੀਤੇ ਜਾਣ ਅਤੇ ਪਲੱਸ ਸਾਡੇ ਜਿਹੜੇ ਖੇਤ ਮਜ਼ਦੂਰ ਜਾਂ ਕਿਸਾਨ ਖੁਦਕੁਸ਼ੀਆਂ ਕਰ ਰਹੇ ਹਨ, ਉਨ੍ਹਾਂ ਦੀਆਂ ਖ਼ਬਰਾਂ ਨਿੱਤ ਆਉਂਦੀਆਂ ਹਨ, ਬੇਨਤੀ ਹੈ ਕਿ ਉਨ੍ਹਾਂ ਦੇ ਨਾਵਾਂ ਨੂੰ ਵੀ ਆਪਾਂ ਇਸ ਸੂਚੀ ਵਿੱਚ ਐਡ ਕਰ ਲਈਏ।

**ਸ਼੍ਰੀ ਪਵਨ ਕੁਮਾਰ ਟੀਨੂ:** ਸਪੀਕਰ ਸਾਹਿਬ, ਮੈਂ ਚਾਹੁੰਦਾ ਹਾਂ ਕਿ ਸੰਤ ਬਾਬਾ ਦਿਲਾਵਰ ਸਿੰਘ ਬ੍ਰਹਮ ਜੀ, ਜਿਹੜੇ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਚਾਂਸਲਰ ਸਨ, ਉਨ੍ਹਾਂ ਨੇ ਐਜੂਕੇਸ਼ਨਲ ਅਤੇ ਅਧਿਆਤਮਕ ਖੇਤਰ ਵਿੱਚ ਬਹੁਤ ਸਾਰੀਆਂ ਸੇਵਾਵਾਂ ਨਿਭਾਈਆਂ। ਉਹ ਵੀ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਦਾ ਨਾਮ ਵੀ ਇਸ ਸੂਚੀ ਵਿੱਚ ਸ਼ਾਮਲ ਕਰ ਲਿਆ ਜਾਵੇ।

**ਮਾਨਯੋਗ ਸਪੀਕਰ:** ਬਾਬਾ ਭਾਗ ਸਿੰਘ ਯੂਨੀਵਰਸਿਟੀ, ਆਦਮਪੁਰ ਜੀ?

**ਸ਼੍ਰੀ ਪਵਨ ਕੁਮਾਰ ਟੀਨੂ:** ਹਾਂ ਜੀ।

**ਮਾਨਯੋਗ ਸਪੀਕਰ:** ਠੀਕ ਹੈ ਜੀ। ਉਨ੍ਹਾਂ ਦਾ ਨਾਮ ਸ਼ਾਮਲ ਕਰ ਲੈਂਦੇ ਹਾਂ।

**ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ:** ਸਪੀਕਰ ਸਾਹਿਬ, ਮੇਰੇ ਹਲਕੇ ਦੇ ਸਬ ਇੰਸਪੈਕਟਰ ਸੀ, ਸ਼ਹੀਦ ਗੁਰਮੁਖ ਸਿੰਘ ਜੀ, ਉਹ 20 ਅਗਸਤ ਨੂੰ ਸ਼ਹੀਦ ਹੋਏ ਹਨ, ਉਨ੍ਹਾਂ ਦਾ ਨਾਮ ਵੀ ਇਸ ਸੂਚੀ ਵਿੱਚ ਸ਼ਾਮਲ ਕਰ ਲਿਆ ਜਾਵੇ ਜੀ।

**ਮਾਨਯੋਗ ਸਪੀਕਰ:** ਉਹ ਕਿੱਥੇ ਸ਼ਹੀਦ ਹੋਏ ਹਨ ਜੀ?

**ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ:** ਸਪੀਕਰ ਸਾਹਿਬ, ਉਹ ਛੱਤੀਸਗੜ੍ਹ ਵਿਖੇ ਸ਼ਹੀਦ ਹੋਏ ਹਨ।

**ਸਰਦਾਰ ਸ਼ਰਨਜੀਤ ਸਿੰਘ ਢਿੱਲੋਂ:** ਸਪੀਕਰ ਸਾਹਿਬ, ਜਿਹੜੇ ਕਿਸਾਨ ਅੰਦੋਲਨ ਦੌਰਾਨ ਕਿਸਾਨ ਸ਼ਹੀਦ ਹੋਏ ਹਨ, ਉਨ੍ਹਾਂ ਦੇ ਨਾਮ ਵੀ ਇਸ ਸਰਧਾਂਜਲੀ ਸੂਚੀ ਵਿੱਚ ਸ਼ਾਮਲ ਕੀਤੇ ਜਾਣ, ਚਾਹੇ ਉਨ੍ਹਾਂ ਦੀ ਮੌਤ ਪੰਜਾਬ ਵਿੱਚ ਹੋਈ ਹੈ ਅਤੇ ਚਾਹੇ ਦਿੱਲੀ ਦੇ ਬਾਰਡਰਾਂ ਦੇ ਹੋਈ ਹੈ, ਉਨ੍ਹਾਂ ਦੇ ਨਾਮ ਲਾਜ਼ਮੀ ਵਿੱਚ ਦਰਜ ਕੀਤੇ ਜਾਣ ਅਤੇ ਕਿਸਾਨ ਖੁਦਕੁਸ਼ੀਆਂ ਦਾ ਜ਼ਿਕਰ ਵੀ ਦਰਜ ਕੀਤਾ ਜਾਵੇ ਜੀ।

**ਮਾਨਯੋਗ ਸਪੀਕਰ:** ਠੀਕ ਹੈ ਜੀ।

**ਹ.ਸ/ਬ.ਸ./10.15/03-09-2021**

**ਸਰਦਾਰ ਜਗਦੇਵ ਸਿੰਘ:** ਸਪੀਕਰ ਸਾਹਿਬ, ਮੇਰੀ ਵੀ ਇਹੀ ਬੇਨਤੀ ਹੈ ਕਿ ਕਿਸਾਨੀ ਅੰਦੋਲਨ ਦੌਰਾਨ ਸਾਡੇ ਜਿਹੜੇ ਕਿਸਾਨ ਸ਼ਹੀਦ ਹੋਏ ਹਨ, ਉਨ੍ਹਾਂ ਦੇ ਨਾਮ ਵੀ ਸ਼ਰਧਾਂਜਲੀ ਸੂਚੀ ਵਿਚ ਸ਼ਾਮਲ ਕਰ ਲਏ ਜਾਣ ਜੀ।

**ਮਾਨਯੋਗ ਸਪੀਕਰ:** ਇਹ ਗੱਲ ਤਾਂ ਆ ਗਈ ਹੈ ਜੀ।

ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀਕਲਾ ਵਿਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ। ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿੱਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣਗੇ। ਹੁਣ ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿੱਛੜੀਆਂ ਰੂਹਾਂ ਦੀ ਯਾਦ ਵਿਚ ਦੋ ਮਿੰਟ ਮੌਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿਚ ਹਾਜ਼ਰ ਸਮੂਹ ਮੈਂਬਰਾਂ ਵੱਲੋਂ ਵਿੱਛੜੀਆਂ ਸ਼ਖਸੀਅਤਾਂ ਦੀਆਂ ਰੂਹਾਂ ਦੀ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।)

**ਮਾਨਯੋਗ ਸਪੀਕਰ:** ਹੁਣ, ਸਦਨ ਦੀ ਬੈਠਕ ਕੁਝ ਸਮੇਂ ਲਈ ਸਥਗਿਤ ਹੁੰਦੀ ਹੈ। ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 400ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਲਈ ਅਸੀਂ ਸਾਰਿਆਂ ਨੇ 11.00 ਵਜੇ ਪੂਰਵ ਦੁਪਹਿਰ ਮੁੜ

ਸਦਨ ਵਿਚ ਇਕੱਤਰ ਹੋਣਾ ਹੈ। ਇਸ ਵਿਸ਼ੇਸ਼ ਸਮਾਗਮ ਦੀ ਸਮਾਪਤੀ ਉਪਰੰਤ ਰਹਿੰਦੀ ਕਾਰਵਾਈ ਲਈ ਸਦਨ 01.00 ਵਜੇ ਬਾਅਦ ਦੁਪਹਿਰ ਮੁੜ ਇਕੱਤਰ ਹੋਵੇਗਾ।

*10.17 ਵਜੇ ਪੂ:ਦੁ: (*ਇਸ ਸਮੇਂ ਸਦਨ ਮਿਤੀ 3 ਸਤੰਬਰ, 2021 ਦੇ 1.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਹੋ ਗਿਆ।)

**ਅ.ਕ/ਰ.ਕ. /1.00/3.9.2021**

*1.00 ਵਜੇ ਬਾਅਦ ਦੁਪਹਿਰ) (*ਇਸ ਸਮੇਂ ਸਦਨ ਮੁੜ ਇੱਕਤਰ ਹੋਇਆ।)

## ANNOUNCEMENT BY THE SPEAKER REGARDING PANEL OF CHAIRMEN

**ਮਾਨਯੋਗ ਸਪੀਕਰ:** ਮੈਂ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13(1) ਅਧੀਨ ਹੇਠ ਲਿਖੇ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਦੇ ਲਈ ਨਾਮਜ਼ਦ ਕਰਦਾ ਹਾਂ :-

1. ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ;
2. ਸਰਦਾਰ ਗੁਰਕੀਰਤ ਸਿੰਘ ਕੋਟਲੀ;
3. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ;
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ ।

---

## ANNOUNCEMENT BY THE SECRETARY

**ਮਾਨਯੋਗ ਸਪੀਕਰ** : ਹੁਣ ਸਕੱਤਰ ਜੀ ਅਨਾਊਂਸਮੈਂਟ ਕਰਨਗੇ।

**ਸ਼੍ਰੀ ਸਕੱਤਰ** : ਸ਼੍ਰੀਮਾਨ ਜੀ, ਮੈਂ 15ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ 14ਵੇਂ ਸਮਾਗਮ (ਬਜਟ) ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਦਾ ਹਾਂ:-

1. ਪੰਜਾਬ ਨਮਿੱਤਣ ਬਿਲ, 2021
2. ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਸੋਧਨਾ) ਬਿਲ, 2021

3. ਪੰਜਾਬ ਨਮਿੱਤਣ (ਨੰ.2) ਬਿਲ, 2021
4. ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮ) ਸੋਧਨਾ ਬਿਲ, 2021
5. ਐਮਿਟੀ ਯੂਨੀਵਰਸਿਟੀ, ਪੰਜਾਬ ਬਿਲ, 2021
6. ਪੰਜਾਬ ਆਬਕਾਰੀ (ਸੋਧਨਾ) ਬਿਲ, 2021
7. ਪੰਜਾਬ ਅਬਾਦੀ ਦੇਹ (ਰਿਕਾਰਡ ਆਫ ਰਾਈਟਸ) ਬਿਲ, 2021
8. ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਬਿਲ, 2021
9. ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਬਿਲ, 2021
10. ਪੰਜਾਬ ਮੋਟਰ ਵਹੀਕਲਜ਼ ਕਰ (ਸੋਧਨਾ) ਬਿਲ, 2021
11. ਪੰਜਾਬ ਐਂਟੀ ਰੈਡ ਟੇਪ ਬਿਲ, 2021
12. ਪੰਜਾਬ ਬਿਊਰੋ ਆਫ ਇਨਵੈਸਟਮੈਂਟ ਪ੍ਰੋਮੋਸ਼ਨ (ਸੋਧਨਾ)ਬਿਲ, 2021
13. ਪੰਜਾਬ ਵਿਲੇਜ਼ ਕਾਮਨ ਲੈਂਡਜ਼ (ਰੈਗੂਲੇਸ਼ਨ)ਸੋਧਨਾ ਬਿਲ, 2021
14. ਪੰਜਾਬ ਅਪਾਰਟਮੈਂਟ ਓਨਰਸ਼ਿਪ (ਸੋਧਨਾ) ਬਿਲ, 2021
15. ਪੰਜਾਬ ਅਪਾਰਟਮੈਂਟ ਅਤੇ ਪ੍ਰਾਪਰਟੀ ਰੈਗੂਲੇਸ਼ਨ (ਸੋਧਨਾ) ਬਿਲ, 2021
16. ਪੰਜਾਬ ਰੀਜ਼ਨਲ ਅਤੇ ਟਾਊਨ ਪਲੈਨਿੰਗ ਅਤੇ ਡਿਵੈਲਪਮੈਂਟ (ਸੋਧਨਾ) ਬਿਲ, 2021
17. ਪੰਜਾਬ ਕੋਆਪਰੇਟਿਵ ਸੁਸਾਇਟੀਜ਼ (ਸੋਧਨਾ) ਬਿਲ, 2021

---

## PRESENTATION OF THE FIRST REPORT OF THE BUSINESS ADVISORY COMMITTEE

**ਮਾਨਯੋਗ ਸਪੀਕਰ :** ਹੁਣ, ਮੈਂ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕਰਦਾ ਹਾਂ, ਜੋ ਇਸ ਤਰ੍ਹਾਂ ਹੈ :-

ਆਰਜ਼ੀ ਪ੍ਰੋਗਰਾਮ ਤੇ ਵਿਚਾਰ ਕਰਨ ਤੋਂ ਬਾਅਦ ਕਮੇਟੀ ਨੇ ਸਰਬਸੰਮਤੀ ਨਾਲ ਸਿਫਾਰਸ਼ ਕੀਤੀ ਹੈ ਕਿ ਮਿਤੀ 3.9.2021 ਨੂੰ ਵਿਧਾਨ ਸਭਾ ਦੀ ਬੈਠਕ ਦੌਰਾਨ ਨਿਮਨਲਿਖਤ ਕੰਮ-ਕਾਰ ਕੀਤਾ ਜਾਵੇ:-

| | |
|---|---|
| ਸ਼ੁੱਕਰਵਾਰ, ਮਿਤੀ 3 ਸਤੰਬਰ, 2021 | (i) ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 400ਵਾਂ ਪ੍ਰਕਾਸ਼ ਪੁਰਬ ਮਨਾਉਣਾ। |

(ii) ਸਦਨ ਨੂੰ ਅਣਮਿੱਥੇ ਸਮੇਂ ਲਈ ਸਥਗਿਤ ਕਰਨ ਸਬੰਧੀ ਨਿਯਮ 16 ਅਧੀਨ ਪ੍ਰਸਤਾਵ।

Keeping in view that the present 15th (Special) Session, 2021 has been called on the special occasion to commemorate the 400th Parkash Purb of Sri Guru Teg Bahadur Ji, it was unanimously decided by the Committee that as per notice received from the Minister for Parliamentary Affairs, no other business except Government Business i.e. Commemoration of the 400th Parkash Purab of Sri Guru Teg Bahadur Ji be transacted during the above said Session.

ਜੇਕਰ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦਾ/ਦੇ ਕੋਈ ਨਿਯਮ ਉਕਤ ਸਿਫਾਰਸ਼ਾਂ ਨਾਲ ਅਸੰਗਤ ਹੋਏ/ਹੋਣ, ਤਾਂ ਉਹ ਨਿਯਮ ਉਸ ਹੱਦ ਤੱਕ ਮੁਅੱਤਲ ਰਹੇਗਾ/ਰਹਿਣਗੇ।

**ਮਾਨਯੋਗ ਸਪੀਕਰ** : ਹੁਣ ਸੰਸਦੀ ਮਾਮਲੇ ਮੰਤਰੀ ਪ੍ਰਸਤਾਵ ਪੇਸ਼ ਕਰਨ।

**ਸੰਸਦੀ ਮਾਮਲੇ ਮੰਤਰੀ (ਸ਼੍ਰੀ ਬ੍ਰਹਮ ਮਹਿੰਦਰਾ)** : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ –

”ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।”

**ਮਾਨਯੋਗ ਸਪੀਕਰ :** ਪ੍ਰਸਤਾਵ ਕੀਤਾ –

“ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।”

(ਬਹਿਸ, ਜੇਕਰ ਕੋਈ ਹੋਵੇ?)

(ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਮੈਂਬਰ ਆਪਣੀਆਂ ਆਪਣੀਆਂ ਸੀਟਾਂ ਤੇ ਖੜ੍ਹੇ ਹੋ ਕੇ ਕਾਰਜ ਸਲਾਹਕਾਰ ਕਮੇਟੀ ਦੀ ਰਿਪੋਰਟ ਤੇ ਵੋਟਿੰਗ ਕਰਵਾਉਣ ਦੀ ਮੰਗ ਕਰ ਰਹੇ ਸਨ ਅਤੇ ਸਦਨ ਵਿੱਚ ਬਹੁਤ ਸ਼ੋਰ ਸੀ।)

(ਇਸ ਸਮੇਂ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਕੁਝ ਮੈਂਬਰ ਆਪਣੀਆਂ ਆਪਣੀਆਂ ਸੀਟਾਂ ਤੇ ਖੜ੍ਹੇ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿਚ ਖੜ੍ਹੇ ਮੈਂਬਰਾਂ ਨਾਲ ਬਹਿਸ ਰਹੇ ਸਨ ਅਤੇ ਸਦਨ ਵਿੱਚ ਬਹੁਤ ਸ਼ੋਰ ਸੀ।)

**ਮਾਨਯੋਗ ਸਪੀਕਰ** : ਪ੍ਰਸ਼ਨ ਹੈ –

"ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

***ਪ੍ਰਸਤਾਵ ਪ੍ਰਵਾਨ ਹੋਇਆ।***

----

## MOTION UNDER RULE 16

**ਮਾਨਯੋਗ ਸਪੀਕਰ:** ਨਿਯਮ 16 ਅਧੀਨ ਪ੍ਰਸਤਾਵ। ਸੰਸਦੀ ਮਾਮਲੇ ਮੰਤਰੀ ਪ੍ਰਸਤਾਵ ਪੇਸ਼ ਕਰਨ।

**ਸੰਸਦੀ ਮਾਮਲੇ ਮੰਤਰੀ (ਸ਼੍ਰੀ ਬ੍ਰਹਮ ਮਹਿੰਦਰਾ)** : ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ–

ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥਗਿਤ ਹੋ ਜਾਵੇਗੀ।

**ਮਾਨਯੋਗ ਸਪੀਕਰ:** ਪ੍ਰਸਤਾਵ ਕੀਤਾ –

ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥਗਿਤ ਹੋ ਜਾਵੇਗੀ।

**ਮਾਨਯੋਗ ਸਪੀਕਰ:** ਪ੍ਰਸ਼ਨ ਹੈ –

ਕਿ ਵਿਧਾਨ ਸਭਾ ਅੱਜ ਇਸ ਦੇ ਉਠ ਜਾਣ ਤੇ ਅਣਮਿੱਥੇ ਸਮੇਂ ਲਈ ਸਥਗਿਤ ਹੋ ਜਾਵੇਗੀ।

***ਪ੍ਰਸਤਾਵ ਪ੍ਰਵਾਨ ਹੋਇਆ।***

----

**ਮਾਨਯੋਗ ਸਪੀਕਰ:** ਹੁਣ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੁੰਦਾ ਹੈ।

* 1.03 ਵਜੇ ਬਾਅਦ ਦੁਪਹਿਰ) (ਇਸ *ਸਮੇਂ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।)